# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-05-2024**

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ ਸਾਰੇ ਹੀ 13 ਲੋਕਸਭਾ ਹਲਕਿਆਂ ਵਿਚ ਦਾਖ਼ਲ ਨਾਮਜ਼ਦਗੀਆਂ ਦੀ ਅੱਜ ਪੜਤਾਲ ਕੀਤੀ ਜਾ ਰਹੀ ਏ। ਨਾਮਜ਼ਦਗੀਆਂ ਦਾਖ਼ਲ ਕਰਨ ਦੇ 7 ਤੋਂ 14 ਮਈ ਤੱਕ ਦੇ ਸਮੇਂ ਦੌਰਾਨ ਸੂਬੇ ਵਿੱਚ ਕੁੱਲ 598 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ। ਨਾਮਜ਼ਦਗੀਆਂ ਭਰਨ ਦੇ ਕੱਲ੍ਹ ਆਖਰੀ ਦਿਨ ਸਬ ਤੋਂ ਵੱਧ 226 ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਉਮੀਦਵਾਰ 17 ਮਈ ਸ਼ਾਮ ਤਿੰਨ ਵਜੇ ਤੱਕ ਆਪਣੇ ਨਾਮਜ਼ਦਗੀ ਪੱਤਰ ਵਾਪਸ ਲੈ ਸਕਦੇ ਨੇ। ਸੂਬੇ ਵਿਚ ਪੋਲਿੰਗ ਪਹਿਲੀ ਜੂਨ ਨੂੰ ਹੋਵੇਗੀ ਅਤੇ ਵੋਟਾਂ ਦੀ ਗਿਣਤੀ ਚਾਰ ਜੂਨ ਨੂੰ ਕੀਤੀ ਜਾਵੇਗੀ।

---

ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਫਤਹਿਗੜ੍ਹ ਸਾਹਿਬ

ਵਿਖੇ, ਇੱਕ ਇਕੱਠ ਨੂੰ ਸੰਬੋਧਨ ਕਰਦਿਆਂ, ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਅਤੇ ਕੇਂਦਰ ਦੀ BJP ਸਰਕਾਰ ਦੀ ਆਲੋਚਨਾ ਕੀਤੀ । ਇਹ ਰੈਲੀ ਲੋਕ ਸਭਾ ਹਲਕਾ ਫਤਿਹਗੜ੍ਹ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਡਾ: ਅਮਰ ਸਿੰਘ ਦੇ ਹੱਕ ਵਿੱਚ ਆਯੋਜਿਤ ਕੀਤੀ ਗਈ ਸੀ । ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੇ ਪੰਜਾਬ ਦੀਆਂ ਔਰਤਾਂ ਨੂੰ 1000 ਰੁਪਏ ਮਹੀਨਾ ਪੈਨਸ਼ਨ ਦੇਣ ਦਾ ਵਾਅਦਾ ਕੀਤਾ ਸੀ, ਪਰ ਉਹ ਇਸ ਵਚਨਬੱਧਤਾ ਨੂੰ ਪੂਰਾ ਕਰਨ ਵਿੱਚ ਨਾਕਾਮ ਰਹੀ ਏ, ਜਿਸ ਨਾਲ ਬਹੁਤ ਸਾਰੀਆਂ ਔਰਤਾਂ ਨਾਲ ਧੋਖਾ ਹੋਇਆ ਏ । ਉਨ੍ਹਾਂ ਲੋਕ ਸਭਾ ਚੋਣਾਂ 'ਚ ਔਰਤਾਂ ਦੀ ਨੁਮਾਇੰਦਗੀ ਦੀ ਕਮੀ ਵੱਲ ਵੀ ਧਿਆਨ ਦਿਵਾਇਆ ਅਤੇ ਕਿਹਾ ਕਿ ਇਹ ਹੈਰਾਨ ਕਰਨ ਵਾਲਾ ਤੇ ਨਿਰਾਸ਼ਾਜਨਕ ਏ ਕਿ ਆਮ ਆਦਮੀ ਪਾਰਟੀ ਨੇ ਲੋਕ ਸਭਾ ਚੋਣਾਂ ਲਈ ਪੰਜਾਬ ਵਿੱਚ ਇੱਕ ਵੀ ਮਹਿਲਾ ਉਮੀਦਵਾਰ ਨੂੰ ਟਿਕਟ ਨਹੀਂ ਦਿੱਤੀ ਏ । ਉਨ੍ਹਾਂ ਕਿਹਾ ਕਿ ਪਾਰਟੀ ਦੇ ਸ਼ਾਸਨ ਵਿੱਚ ਅਮਨ-ਕਾਨੂੰਨ ਦੀ ਸਥਿਤੀ ਬਹੁਤ ਵਿਗੜ ਗਈ ਏ ਅਤੇ ਸਰਕਾਰ ਸੂਬੇ ਵਿੱਚ ਸ਼ਾਂਤੀ ਤੇ ਸੁਰੱਖਿਆ ਨੂੰ ਬਹਾਲ ਕਰਨ ਵਿੱਚ ਨਾਕਾਮ ਜਾਪਦੀ ਏ ।

---

ਸ਼੍ਰੀ ਮੁਕਤਸਰ ਸਾਹਿਬ ਦੇ ਜਿਲ੍ਹਾ ਸਵੀਪ ਨੋਡਲ ਅਫਸਰ ਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ ਕਪਿਲ ਸ਼ਰਮਾ ਅਤੇ ਸਹਾਇਕ ਸਵੀਪ ਨੋਡਲ ਅਫਸਰ ਰਜੀਵ ਛਾਬੜਾ ਦੀ ਟੀਮ ਨੇ ਕੁਸ਼ਟ ਆਸ਼ਰਮ ਵਿੱਚ ਰਹਿੰਦੇ ਵੋਟਰਾਂ ਨੂੰ ਲੋਕ ਸਭਾ ਚੋਣਾਂ ਸੰਬੰਧੀ ਵੋਟ ਦੀ ਮਹੱਤਤਾਂ ਬਾਰੇ ਇਕ ਸੈਮੀਨਾਰ ਵਿਚ ਵਿਸ਼ੇਸ਼ ਤੌਰ ਤੇ ਜਾਗਰੂਕ ਕੀਤਾ । ਸੈਮੀਨਾਰ ਵਿੱਚ ਮੌਜੂਦ ਸਾਰੇ ਹੀ ਵੋਟਰਾਂ ਨੂੰ ਵੋਟਾਂ ਵਾਲੇ ਦਿਨ ਆਪਣੀ ਵੋਟ ਬਿਨਾਂ ਕਿਸੇ ਡਰ, ਭੈਅ ਅਤੇ ਲਾਲਚ ਤੋਂ ਪਾਉਣ ਲਈ ਪ੍ਰੇਰਿਤ ਕੀਤਾ ਗਿਆ। ਉਨਾਂ ਨੂੰ ਦੱਸਿਆ ਗਿਆ ਕਿ ਜੇਕਰ ਵੋਟ ਪਾਉਣ ਸਬੰਧੀ ਕੋਈ ਵੀ ਪ੍ਰੇਸ਼ਾਨੀ ਆਵੇ ਤਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਜਾਵੇ ਅਤੇ ਵੋਟਰ ਹੈਲਪ ਲਾਇਨ ਨੰਬਰ 1950 ਤੇ ਵੀ ਸੰਪਰਕ ਕਰਕੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਏ । ਸਵੀਪ ਟੀਮ ਨੇ ਆਪਣੀ ਵੋਟ ਦੇ ਸਹੀ ਇਸਤੇਮਾਲ ਕਰਨ ਲਈ ਪ੍ਰਣ ਵੀ ਦੁਆਇਆ।

---

ਭਾਰਤ ਸਰਕਾਰ ਦੇ ਸੂਚਨਾ ਤੇ ਪ੍ਰਸਾਰਨ ਮੰਤਰਾਲੇ ਤਹਿਤ, ਕੇਂਦਰੀ

ਸੰਚਾਰ ਬਿਊਰੋ ਦੀ ਅੰਮ੍ਰਿਤਸਰ ਇਕਾਈ ਨੇ ਲੋਕਸਭਾ ਚੋਣਾਂ ਵਿੱਚ ਆਮ ਲੋਕਾਂ ਨੂੰ ਵੋਟਾਂ ਪਾਉਣ ਲਈ, ਪ੍ਰੇਰਿਤ ਕਰਨ ਦੇ ਮੰਤਵ ਨਾਲ ਵੋਟਰ ਜਾਗਰੂਕਤਾ ਪੇਂਟਿੰਗ ਅਤੇ ਲੇਖ ਰਚਨਾ ਮੁਕਾਬਲੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ਿਵਾਲਾ ਬਾਗ ਭਾਈਆਂ ਵਿਖੇ ਕਰਵਾਏ। ਮੁਕਾਬਲਿਆਂ ਵਿੱਚ ਸਕੂਲ ਦੇ ਚੋਣ ਸਾਖ਼ਰਤਾ ਕਲੱਬ ਦੇ ਮੈਂਬਰ ਵਿਦਿਆਰਥੀਆਂ ਨੇ ਚੋਣ ਸੁਨੇਹੇ ਦੇਂਦਿਆਂ ਬਹੁਤ ਹੀ ਪ੍ਰੇਰਨਾਦਾਇਕ ਪੇਂਟਿੰਗਸ ਬਣਾਈਆਂ ਅਤੇ ਲੇਖ ਲਿਖੇ। ਇਸ ਮੌਕੇ ਪ੍ਰਿੰਸੀਪਲ ਜੋਗਿੰਦਰ ਸ਼ਿੰਗਾਰੀ ਸਮੇਤ ਹੋਰ ਅਧਿਆਪਕ ਵੀ ਮੌਜੂਦ ਰਹੇ।

-----------------------------------------------------------------

ਦੇਸ਼ ਦੀ ਆਜ਼ਾਦੀ ਦੀ ਲੜਾਈ ਵਿੱਚ ਅਹਿਮ ਭੂਮਿਕਾ ਨਿਭਾਉਣ ਵਾਲੇ ਮਹਾਨ ਇਨਕਲਾਬੀ ਸ਼ਹੀਦ ਸੁਖਦੇਵ ਦੀ ਅੱਜ ਜਨਮ ਵਰੇਗੰਢ ਏ। ਸਾਲ 1907 ਵਿੱਚ ਅੱਜ ਦੇ ਹੀ ਦਿਨ ਇਸ ਮਹਾਨ ਸਪੂਤ ਦਾ ਜਨਮ ਲੁਧਿਆਣਾ ਵਿੱਚ ਹੋਇਆ ਸੀ। ਸ਼ਹੀਦ ਭਗਤ ਸਿੰਘ ਦੇ ਸਾਥੀ ਸੁਖਦੇਵ ਥਾਪਰ ਨੇ ਲਾਲਾ ਲਾਜਪਤ ਰਾਇ ਦੀ ਮੌਤ ਦਾ ਬਦਲਾ ਲਿਆ ਸੀ। ਇਸ ਮੌਕੇ ਤੇ ਦੇਸ਼ ਉਨ੍ਹਾਂ ਨੂੰ ਨਿੱਘੀਆਂ ਸ਼ਰਧਾਂਜਲੀਆਂ ਭੇਂਟ ਕਰ ਰਿਹਾ ਏ।

---------------------------------------------------------

ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੇ ਮਾਮਲੇ ਲਗਾਤਾਰ ਜ਼ੋਰ ਫੜ ਰਹੇ ਨੇ। ਖਾਸ ਤੌਰ ਤੇ ਸਰਹੱਦੀ ਜ਼ਿਲਿਆਂ ਵਿਚ ਅਜਿਹੀਆਂ ਘਟਨਾਵਾਂ ਤੇਜੀ ਨਾਲ ਵੱਧ ਰਹੀਆਂ ਨੇ। ਕਲ ਇਕ ਦਿਨ ਵਿਚ ਹੀ ਅਜਿਹੇ ਇੱਕ ਹਜਾਰ 24 ਮਾਮਲੇ ਸਾਹਮਣੇ ਆਏ ਨੇ ਜਿਸ ਨਾਲ ਸੂਬੇ ਵਿਚ ਹੁਣ ਤਕ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 7 ਹਜ਼ਾਰ 828 ਹੋ ਗਈ ਏ। ਬੀਤੇ ਕਲ ਅੱਗ ਲਗਾਉਣ ਦੀਆਂ ਸਬ ਤੋਂ ਵੱਧ ਘਟਨਾਵਾਂ ਗੁਰਦਾਸਪੁਰ ਜ਼ਿਲੇ ਵਿਚ 153 ਦਰਜ਼ ਕੀਤੀਆਂ ਗਈਆਂ ਜਦਕਿ ਅੰਮ੍ਰਿਤਸਰ ਵਿਚ 115 ਅਤੇ ਤਰਨਤਾਰਨ ਵਿਚ 97 ਥਾਂਵਾਂ ਤੇ ਖੇਤਾਂ ਵਿਚ ਹੀ ਪਰਾਲੀ ਨੂੰ ਅੱਗ ਲਗਾਈ ਗਈ।

---------------------------------------------------------

ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ ਰਤਨ ਸਿੰਘ ਜੱਗੀ ਨੇ, ਮਹਾਨ ਸ਼ਾਇਰ ਅਤੇ ਆਪਣੇ ਵਿਦਿਆਰਥੀ ਰਹੇ ਡਾ. ਸੁਰਜੀਤ ਪਾਤਰ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ । ਆਪਣੇ ਸ਼ੋਕ ਸੁਨੇਹੇ ਵਿੱਚ ਸ਼ਰਧਾਂਜਲੀ

ਦਿੰਦਿਆਂ ਡਾ. ਜੱਗੀ ਨੇ ਲਿਖਿਆ ਕਿ ''ਡਾ.ਸੁਰਜੀਤ ਪਾਤਰ ਅੱਜ ਦੇ ਯੁੱਗ ਦਾ ਕੱਦਾਵਾਰ ਸਾਹਿਤਕਾਰ ਸਨ ਜਿਨ੍ਹਾਂ ਦੇ ਤੁਰ ਜਾਣ ਨਾਲ, ਸਾਹਿਤ ਜਗਤ ਵਿੱਚ ਪਿਆ ਖਲਾਅ ਕਦੇ ਵੀ ਪੂਰਿਆ ਨਹੀਂ ਜਾ ਸਕੇਗਾ। ਉਨ੍ਹਾਂ ਦੇ ਤੁਰ ਜਾਣ ਨਾਲ ਜਿੱਥੇ ਪਰਿਵਾਰ ਨੂੰ ਵੱਡਾ ਘਾਟਾ ਪਿਆ ਏ, ਉਥੇ ਪੰਜਾਬ ਤੇ ਦੇਸ਼ ਨੂੰ ਵੱਡਾ ਘਾਟਾ ਪਿਆ।'' ਡਾ. ਜੱਗੀ ਜਿਹੜੇ ਕਿ ਡਾ. ਸੁਰਜੀਤ ਪਾਤਰ ਦੀ ਐਮ.ਏ. ਦੀ ਪੜ੍ਹਾਈ ਵਿੱਚ ਅਧਿਆਪਕ ਸਨ, ਨੇ ਲਿਖਿਆ ਕਿ ਉਨਾਂ ਨੂੰ ਹਮੇਸ਼ਾ ਇਸ ਗੱਲ ਤੇ ਮਾਣ ਰਹੇਗਾ ਕਿ ਸੁਰਜੀਤ ਪਾਤਰ ਉਨਾਂ ਦਾ ਵਿਦਿਆਰਥੀ ਸੀ। ਇਕ ਅਧਿਆਪਕ ਲਈ ਇਸ ਤੋਂ ਵੱਡੀ ਗੱਲ ਕੀ ਹੋਵੇਗੀ ਕਿ ਉਸ ਦੀ ਪਛਾਣ ਉਸ ਦੇ ਵਿਦਿਆਰਥੀਆਂ ਤੋਂ ਕੀਤੀ ਜਾਵੇ।'' ਡਾ. ਜੱਗੀ ਨੇ ਕਿਹਾ ਕਿ ਸੁਰਜੀਤ ਪਾਤਰ ਜਿੱਥੇ ਮਹਾਨ ਸ਼ਾਇਰ ਸਨ ਉਥੇ ਵਿਦਿਆਰਥੀ ਜੀਵਨ ਤੋਂ ਨਿਮਰਤਾ, ਸਾਊ ਤੇ ਹਲੀਮੀ ਜਿਹੇ ਮੀਰੀ ਗੁਣਾਂ ਦੇ ਮਾਲਕ ਵੀ ਸਨ।

----------------------------------------------------------------

ਪੰਜਾਬ ਪੁਲਿਸ ਮੁੱਖੀ ਗੌਰਵ ਯਾਦਵ ਨੇ ਕਿਹਾ ਏ, ਕਿ ਜਲੰਧਰ ਕਮਿਸ਼ਨਰੇਟ ਪੁਲਿਸ ਨੇ ਵਿੱਕੀ ਗੌਂਡਰ ਗੈਂਗ ਦੇ ਮੁੱਖ ਮੈਂਬਰ ਨਵੀਨ ਸੈਣੀ

ਉਰਫ਼ ਚਿੰਟੂ ਨੂੰ ਗ੍ਰਿਫ਼ਤਾਰ ਕੀਤਾ ਏ । ਪੁਲਿਸ ਨੇ ਉਸ ਦੇ ਕਬਜ਼ੇ 'ਚੋਂ 5 ਪਿਸਤੌਲ, ਚਾਰ ਮੈਗਜ਼ੀਨ ਅਤੇ ਕਈ ਅਣਚਲੇ ਕਾਰਤੂਸ ਬਰਾਮਦ ਕੀਤੇ ਨੇ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਨੇ ਸੰਗਠਿਤ ਅਪਰਾਧ ਵਿਰੁੱਧ ਚੱਲ ਰਹੀ ਕਾਰਵਾਈ ਤਹਿਤ ਚਿੰਟੂ ਨੂੰ ਗ੍ਰਿਫਤਾਰ ਕੀਤਾ ਏ । ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਚਿੰਟੂ 9 ਮਹੀਨਿਆਂ ਤੋਂ ਫਰਾਰ ਸੀ ਅਤੇ ਪੁਲਸ ਕਾਫੀ ਸਮੇਂ ਤੋਂ ਉਸ ਦਾ ਪਿੱਛਾ ਕਰ ਰਹੀ ਸੀ । ਬੀਤੇ ਦਿਨ ਗੁਪਤ ਸੂਚਨਾ ਦੇ ਆਧਾਰ 'ਤੇ ਪੁਲਿਸ ਨੇ ਉਸ ਨੂੰ ਜਲੰਧਰ ਸ਼ਹਿਰ ਤੋਂ ਕਾਬੂ ਕੀਤਾ।